# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :22-12-2025**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਸਰਦ ਰੁੱਤ ਦੇ ਇਜਲਾਸ ਦੌਰਾਨ ਸੰਸਦ ਵੱਲੋਂ ਪਾਸ ਕੀਤੇ ਗਏ ਭਾਰਤ ‘ਚ ਤਬਦੀਲੀ ਲਿਆਉਣ ਲਈ ਪ੍ਰਮਾਣੂ ਊਰਜਾ ਦੀ ਨਿਰੰਤਰ ਰਹਿਣ ਯੋਗ ਵਰਤੋਂ ਤੇ ਵਿਕਾਸ ਬਾਰੇ ਬਿੱਲ, SHANTI Bill- 2025 ਨੂੰ ਮਨਜ਼ੂਰੀ ਦੇ ਦਿੱਤੀ ਏ। ਰਾਸ਼ਟਰਪਤੀ ਨੇ ਕਲ੍ਹ ਇਸ ਬਿੱਲ ਨੂੰ ਮਨਜ਼ੂਰੀ ਦਿੱਤੀ। ਇਹ ਬਿੱਲ ਸਿਵਲ ਪ੍ਰਮਾਣੂ ਖੇਤਰ ਨਾਲ ਸਬੰਧਤ ਸਾਰੇ ਕਾਨੂੰਨਾਂ ਨੂੰ ਸ਼ਾਮਲ ਕਰਦਾ ਏ ਅਤੇ ਇਸ ਨੂੰ ਨਿੱਜੀ ਖੇਤਰ ਦੀ ਹਿੱਸੇਦਾਰੀ ਲਈ ਵੀ ਖੋਲ੍ਹਦਾ ਏ। ਸ਼ਾਂਤੀ ਬਿੱਲ ਨੇ 1962 ਦੇ ਪ੍ਰਮਾਣੂ ਊਰਜਾ ਕਾਨੂੰਨ ਅਤੇ ਪ੍ਰਮਾਣੂ ਨੁਕਸਾਨ ਲਈ ਸਿਵਲ ਦੇਣਦਾਰੀ ਕਾਨੂੰਨ, 2010 ਦੀ ਥਾਂ ਲਈ ਏ, ਜੋ ਕਿ ਭਾਰਤ ਵਿੱਚ ਸਿਵਲ ਪ੍ਰਮਾਣੂ ਖੇਤਰ ਦੇ ਵਿਕਾਸ ਵਿੱਚ ਰੁਕਾਵਟ ਸਾਬਤ ਹੋਏ ਸਨ। ਇਸ ਤੋਂ ਪਹਿਲਾਂ ਰਾਸ਼ਟਰਪਤੀ ਨੇ ਰੁਜ਼ਗਾਰ ਲਈ ਗਰੰਟੀ ਅਤੇ ਅਜੀਵਿਕਾ ਮਿਸ਼ਨ (ਗ੍ਰਾਮੀਣ), ਵਿਕਸਤ ਭਾਰਤ-ਜੀ ਰਾਮ ਜੀ, ਬਿੱਲ, 2025 ਨੂੰ ਵੀ ਮਨਜ਼ੂਰੀ ਦਿੱਤੀ। ਸੰਸਦ ਨੇ ਹਾਲ ਹੀ ਵਿੱਚ ਸਮਾਪਤ ਹੋਏ ਸਰਦ ਰੁੱਤ ਇਜਲਾਸ ਦੌਰਾਨ ਇਸ ਕਾਨੂੰਨ ਨੂੰ ਪਾਸ ਕੀਤਾ ਸੀ। ਇਹ ਕਾਨੂੰਨ 2047 ਤੱਕ ਵਿਕਸਿਤ ਭਾਰਤ ਦੇ ਰਾਸ਼ਟਰੀ ਦ੍ਰਿਸ਼ਟੀਕੋਣ ਮੁਤਾਬਿਕ ਇੱਕ ਦਿਹਾਤੀ ਵਿਕਾਸ ਢਾਂਚਾ ਸਥਾਪਤ ਕਰਨ ਦੀ ਕੋਸ਼ਿਸ਼ ਕਰਦਾ ਏ।

--------------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੇ ਸਿੱਖਾਂ ਲਈ ਧਾਰਮਿਕ ਮਹੱਤਤਾ ਵਾਲੇ ਤਿੰਨ ਸ਼ਹਿਰਾਂ ਨੂੰ ਪਵਿੱਤਰ ਸ਼ਹਿਰਾਂ ਦਾ ਦਰਜਾ ਦੇਣ ਸਬੰਧੀ ਨੋਟੀਫਿਕੇਸ਼ਨ ਜਾਰੀ ਕਰਕੇ ਇੱਕ ਇਤਿਹਾਸਕ ਫੈਸਲਾ ਲਿਆ ਏ। ਇੱਕ ਵੀਡੀਓ ਸੰਦੇਸ਼ ਰਾਹੀਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਐਲਾਨ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦਾ 350ਵਾਂ ਸ਼ਹੀਦੀ ਦਿਹਾੜਾ ਮਨਾਉਣ ਲਈ ਰਾਜ ਪੱਧਰੀ ਸਮਾਗਮ ਮੌਕੇ ਸ੍ਰੀ ਆਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ ਤੋਂ ਕੀਤਾ ਗਿਆ ਸੀ। ਉਨ੍ਹਾਂ ਕਿਹਾ ਕਿ ਸਿੱਖਾਂ ਦੇ ਪੰਜ ਤਖਤ ਸਾਹਿਬਾਨਾਂ ਵਿੱਚੋਂ ਤਿੰਨ ਤਖ਼ਤ, ਸ੍ਰੀ ਅਕਾਲ ਤਖਤ ਸਾਹਿਬ ਅੰਮ੍ਰਿਤਸਰ, ਤਖਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਆਨੰਦਪੁਰ ਸਾਹਿਬ ਅਤੇ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਪੰਜਾਬ ਵਿੱਚ ਸਥਿਤ ਨੇ। ਉਨ੍ਹਾਂ ਕਿਹਾ ਕਿ ਇਨ੍ਹਾਂ ਪਵਿੱਤਰ ਤਖਤ ਸਾਹਿਬਾਨਾਂ ਦੀ ਸਥਾਪਨਾ ਵਾਲੇ ਤਿੰਨਾਂ ਸ਼ਹਿਰਾਂ ਨੂੰ ਹੁਣ ਅਧਿਕਾਰਤ ਤੌਰ ‘ਤੇ ਰੂਹਾਨੀਅਤ ਦੇ ਕੇਂਦਰਾਂ ਅਤੇ ਪਵਿੱਤਰ ਸ਼ਹਿਰਾਂ ਦਾ ਦਰਜਾ ਦਿੱਤਾ ਗਿਆ ਏ। ਸੂਬਾ ਸਰਕਾਰ ਇਨ੍ਹਾਂ ਪਵਿੱਤਰ ਸ਼ਹਿਰਾਂ ਵਿੱਚ ਆਉਣ ਵਾਲੇ ਸ਼ਰਧਾਲੂਆਂ ਲਈ ਸਾਰੀਆਂ ਜ਼ਰੂਰੀ ਸਹੂਲਤਾਂ ਯਕੀਨੀ ਬਣਾਏਗੀ।

--------------------------------------------------------------------------------

ਪੰਜਾਬ ਸਰਕਾਰ ਬਾਲ ਭਿੱਖਿਆ ਵਰਗੀ ਗੰਭੀਰ ਸਮਾਜਿਕ ਬੁਰਾਈ ਨੂੰ ਜੜੋਂ ਖ਼ਤਮ ਕਰਨ ਲਈ ਲਗਾਤਾਰ ਦ੍ਰਿੜ੍ਹ ਅਤੇ ਪ੍ਰਭਾਵਸ਼ਾਲੀ ਕਦਮ ਚੁੱਕ ਰਹੀ ਏ। ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ

ਡਬਲਜੀਤ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਮੋਹਾਲੀ ਵਿੱਚ ਖੇਤਰੀ ਸਮਾਜਿਕ ਟੀਮ ਵੱਲੋਂ ਬੀਤੇ ਤਿੰਨ ਦਿਨਾਂ ਦੌਰਾਨ ਸੁਰੱਖਿਆ31 ਭੀਖ ਮੰਗਦੇ ਬੱਚਿਆਂ ਨੂੰ ਰੈਸਕਿਓ ਕੀਤਾ ਗਿਆ ਏ, ਜੋ ਜੀਵਨਜੋਤ ਮੁਹਿੰਮ ਦੀ ਵੱਡੀ ਸਫ਼ਲਤਾ ਏ। ਡਾ. ਬਲਜੀਤ ਕੌਰ ਨੇ ਦੱਸਿਆ ਕਿ 17 ਅਗਸਤ ਤੋਂ ਲੈ ਕੇ ਹੁਣ ਤੱਕ ਜ਼ਿਲ੍ਹਾ ਮੋਹਾਲੀ ਵਿੱਚੋਂ ਕੁੱਲ 68 ਭੀਖ ਮੰਗਦੇ ਬੱਚਿਆਂ ਨੂੰ ਬਚਾਇਆ ਗਿਆ ਏ, ਜਿਸ ਨਾਲ ਮੋਹਾਲੀ ਸੂਬੇ ਭਰ ਵਿੱਚੋਂ ਸਭ ਤੋਂ ਵੱਧ ਭੀਖ ਮੰਗਦੇ ਬੱਚਿਆਂ ਨੂੰ ਰੈਸਕਿਓ ਕਰਨ ਵਾਲਾ ਜ਼ਿਲ੍ਹਾ ਬਣ ਕੇ ਸਾਹਮਣੇ ਆਇਆ ਏ। ਉਨ੍ਹਾਂ ਦੱਸਿਆ ਕਿ ਹੁਣ ਤੱਕ ਸੂਬੇ ਭਰ ਵਿੱਚੋਂ ਕੁੱਲ 807 ਭੀਖ ਮੰਗਦੇ ਬੱਚਿਆਂ ਨੂੰ ਰੈਸਕਿਓ ਕਰਕੇ ਮੁੜਵਸੇਬਾ ਪ੍ਰਕਿਰਿਆ ਨਾਲ ਜੋੜਿਆ ਗਿਆ ਏ। ਉਨ੍ਹਾਂ ਸਪੱਸ਼ਟ ਕੀਤਾ ਕਿ ਜੀਵਨਜੋਤ ਮੁਹਿੰਮ ਸਿਰਫ਼ ਭੀਖ ਮੰਗਣ ਤੋਂ ਬਚਾਉਣ ਤੱਕ ਸੀਮਿਤ ਨਹੀਂ, ਸਗੋਂ ਹਰ ਬੱਚੇ ਨੂੰ ਸੜਕ ਤੋਂ ਸਕੂਲ ਅਤੇ ਸੁਰੱਖਿਅਤ ਭਵਿੱਖ ਵੱਲ ਲੈ ਜਾਣ ਦੀ ਸਫਲ ਮੁਹਿੰਮ ਏ। ਇਸ ਤੋਂ ਬਾਅਦ ਬੱਚਿਆਂ ਦੀ ਸਿਹਤ ਜਾਂਚ, ਕਾਊਂਸਲਿੰਗ, ਸਿੱਖਿਆ ਮੁਹਈਆ ਕਰਵਾਉਣਾ ਅਤੇ ਪਰਿਵਾਰਕ ਮੁੜਵਸੇਬੇ ਨੂੰ ਤਰਜੀਹ ਦਿੱਤੀ ਜਾ ਰਹੀ ਏ, ਤਾਂ ਜੋ ਕੋਈ ਵੀ ਬੱਚਾ ਮੁੜ ਸੜਕਾਂ 'ਤੇ ਭੀਖ ਮੰਗਣ ਲਈ ਮਜਬੂਰ ਨਾ ਹੋਵੇ। ਇਸੇ ਮੁਹਿੰਮ ਤਹਿਤ ਜਲੰਧਰ ਜ਼ਿਲ੍ਹੇ ਵਿਚ ਵੱਖ-ਵੱਖ ਥਾਵਾਂ ਤੋਂ 11 ਬੱਚਿਆਂ ਨੂੰ ਰੈਸਕਿਊ ਕੀਤਾ ਗਿਆ ਜਿਨ੍ਹਾਂ ਵਿਚ 10 ਲੜਕੀਆਂ ਤੇ ਇਕ ਲੜਕਾ ਸ਼ਾਮਿਲ ਨੇ।

---------------------------------------------------------------------------

ਅੱਜ ਰਾਸ਼ਟਰੀ ਗਣਿਤ ਦਿਵਸ ਏ । ਇਹ ਦਿਨ ਭਾਰਤ ਦੇ ਸਭ ਤੋਂ ਪ੍ਰਭਾਵਸ਼ਾਲੀ ਅਤੇ ਵਿਸ਼ਵ ਪੱਧਰ 'ਤੇ ਮਾਨਤਾ ਪ੍ਰਾਪਤ ਗਣਿਤ ਸ਼ਾਸਤਰੀ ਸ਼੍ਰੀਨਿਵਾਸ ਰਾਮਾਨੁਜਨ ਦੇ ਜਨਮ ਦਿਨ ਦੀ ਯਾਦ ਵਿਚ ਮਨਾਇਆ ਜਾਂਦਾ ਏ। ਇਸ ਮੌਕੇ ਨੂੰ ਮਨਾਉਣ ਲਈ, ਦੇਸ਼ ਭਰ ਦੇ ਵਿਦਿਅਕ ਅਦਾਰੇ, ਖੋਜ ਸੰਸਥਾਵਾਂ ਅਤੇ ਅਕਾਦਮਿਕ ਮੰਚ ਵਿਗਿਆਨਕ ਪ੍ਰਗਤੀ ਅਤੇ ਰੋਜ਼ਾਨਾ ਜੀਵਨ ਵਿੱਚ ਗਣਿਤ ਦੇ ਮਹੱਤਵ ਨੂੰ ਉਜਾਗਰ ਕਰਨਗੇ। ਭਾਰਤ ਸਰਕਾਰ ਨੇ ਇਸ ਦਿਨ ਨੂੰ ਬਕਾਇਦਾ ਤੌਰ 'ਤੇ ਦਸੰਬਰ 2011 ਵਿੱਚ ਸ਼ੁਰੂ ਕੀਤਾ ਅਤੇ 22 ਦਸੰਬਰ ਨੂੰ ਰਾਸ਼ਟਰੀ ਗਣਿਤ ਦਿਵਸ ਵਜੋਂ ਨਾਮਜ਼ਦ ਕੀਤਾ, ਜਿਸ ਨਾਲ ਰਾਮਾਨੁਜਨ ਦੇ ਗਣਿਤ ਵਿੱਚ ਅਸਾਧਾਰਨ ਯੋਗਦਾਨ ਨੂੰ ਮਾਨਤਾ ਦਿੱਤੀ ਗਈ। ਸਾਲ 2012 ਨੂੰ ਦੇਸ਼ ਭਰ ਵਿੱਚ ਗਣਿਤ ਦੇ ਰਾਸ਼ਟਰੀ ਸਾਲ ਵਜੋਂ ਮਨਾਇਆ ਗਿਆ, ਜਿਸ ਨਾਲ ਗਣਿਤ ਸਿੱਖਿਆ ਅਤੇ ਖੋਜ ਨੂੰ ਹੋਰ ਸੰਸਥਾਗਤ ਰੂਪ ਵਿਚ ਵਧੇਰੇ ਹੁਲਾਰਾ ਮਿਲਿਆ। ਸ਼੍ਰੀਨਿਵਾਸ ਰਾਮਾਨੁਜਨ ਦੇ ਕੰਮ ਇੱਕ ਸਦੀ ਤੋਂ ਵੱਧ ਸਮੇਂ ਬਾਅਦ ਵੀ ਆਧੁਨਿਕ ਗਣਿਤ ਨੂੰ ਪ੍ਰਭਾਵਿਤ ਕਰ ਰਹੇ ਨੇ।

--------------------------------------------------------------------------------

ਮੋਹਾਲੀ ਜ਼ਿਲ੍ਹੇ ਵਿੱਚ ਯਿਸੂ ਮਸੀਹ ਦੇ ਜਨਮ ਦਿਵਸ ਅਤੇ ਕ੍ਰਿਸਮਸ ਦੇ ਜਸ਼ਨ ਮਨਾਏ ਜਾ ਰਹੇ ਨੇ। ਇਨ੍ਹਾਂ ਸਮਾਗਮਾਂ ਵਿਚ ਵੱਖ-ਵੱਖ ਭਾਈਚਾਰਿਆਂ ਦੇ ਲੋਕ ਵਧ ਚੜ੍ਹ ਕੇ ਹਿੱਸਾ ਲੈ ਰਹੇ ਨੇ। ਇਸੇ ਲੜੀ ਵਿੱਚ, ਸ੍ਰੀ ਆਨੰਦਪੁਰ ਸਾਹਿਬ ਤੋਂ ਸੰਸਦ ਮੈਂਬਰ ਮਾਲਵਿੰਦਰ ਸਿੰਘ ਕੰਗ ਵੀ ਖਰੜ ਵਿਖੇ ਹੈਂਡਰਸਨ ਜੁਬਲੀ ਸਕੂਲ ਅਤੇ ਕ੍ਰਿਸ਼ਚੀਅਨ ਸਕੂਲ ਵਿਖੇ

ਕਰਵਾਏ ਸਮਾਗਮ ਵਿਚ ਪੁੱਜੇ ਤੇ ਲੰਗਰ ਵਰਤਾਉਣ ਦੀ ਵੀ ਸੇਵਾ ਕੀਤੀ। ਇਸ ਦੌਰਾਨ ਉਨ੍ਹਾਂ ਨਾਲ ਲੰਗਰ ਦੇ ਪ੍ਰਬੰਧਕ ਪਾਸਟਰ ਧਰਮਿੰਦਰ ਸਹਾਏ ਅਤੇ ਖਰੜ ਦੇ ਈਸਾਈ ਭਾਈਚਾਰੇ ਦੇ ਹੋਰ ਮੈਂਬਰ ਵੀ ਮੌਜੂਦ ਸਨ। ਪਾਸਟਰ ਸਾਹਿਬਾਨ ਨੇ ਲੰਗਰ ਦੀ ਸ਼ੁਰੂਆਤ ਮਨੁੱਖਤਾ ਦੀ ਭਲਾਈ ਅਤੇ ਸਮਾਜ ਦੇ ਸਾਰੇ ਨਾਗਰਿਕਾਂ ਵਿੱਚ ਸ਼ਾਂਤੀ ਸ਼ਾਂਤੀ ਲਈ ਪ੍ਰਾਰਥਨਾ ਕਰਕੇ ਕੀਤੀ।

---------------------------------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ ਨੇੜਲੇ ਇਲਾਕਿਆਂ ਵਿਚ ਸੀਤ ਲਹਿਰ ਦੀ ਭਵਿੱਖਬਾਣੀ ਕੀਤੀ ਏ।ਉਧਰ ਦਿੱਲੀ ਅਤੇ ਆਸ ਪਾਸ ਦੇ ਇਲਾਕਿਆਂ ਵਿੱਚ ਸੰਘਣੀ ਧੁੰਦ ਕਾਰਨ ਅੱਜ ਕਈ ਉਡਾਣਾਂ ਅਤੇ ਰੇਲਗੱਡੀਆਂ ਪ੍ਰਭਾਵਿਤ ਹੋਈਆਂ। ਆਕਾਸ਼ਵਾਣੀ ਨਾਲ ਗੱਲਬਾਤ ਕਰਦਿਆਂ, ਦਿੱਲੀ ਹਵਾਈ ਅੱਡੇ ਦੇ ਇੱਕ ਅਧਿਕਾਰੀ ਨੇ ਕਿਹਾ ਕਿ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਘੱਟ ਦਿਸਣ ਹੱਦ ਕਾਰਨ ਲਗਭਗ 10 ਉਡਾਣਾਂ ਰੱਦ ਕਰ ਦਿੱਤੀਆਂ ਗਈਆਂ। ਰੇਲਵੇ ਦੇ ਦਿੱਲੀ ਡਵੀਜ਼ਨ ਨੇ ਦੱਸਿਆ ਕਿ ਅੱਜ ਦਿੱਲੀ ਜਾਣ ਵਾਲੀਆਂ ਕਈ ਰੇਲਗੱਡੀਆਂ ਦਾ ਸੰਚਾਲਨ ਵੀ ਪ੍ਰਭਾਵਿਤ ਹੋਇਆ। ਲਗਭਗ 17 ਰੇਲਗੱਡੀਆਂ 3 ਘੰਟੇ ਤੋਂ ਵੱਧ ਦੇਰੀ ਨਾਲ ਚੱਲੀਆਂ।